**ਪ੍ਰਧਾਨ ਮੰਤਰੀ ਦਾ ਮਾਰੀਸ਼ਸ ਵਿੱਚ ਇੱਕ ਸਮੁਦਾਇ ਸਮਾਰੋਹ ਵਿੱਚ ਭਾਰਤੀ ਪ੍ਰਵਾਸੀਆਂ ਅਤੇ ਭਾਰਤ ਦੇ ਮਿੱਤਰਾਂ ਨੂੰ ਸੰਬੋਧਨ (11 ਮਾਰਚ, 2025)**

11 ਮਾਰਚ, 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਮਾਰੀਸ਼ਸ ਦੇ ਪ੍ਰਧਾਨ ਮੰਤਰੀ ਮਹਾਮਹਿਮ ਨਵੀਨਚੰਦ੍ਰ ਰਾਮਗੁਲਾਮ ਦੇ ਨਾਲ ਅੱਜ ਟ੍ਰਾਇਨੋਨ ਕਨਵੈਨਸ਼ਨ ਸੈਂਟਰ ਵਿੱਚ ਆਯੋਜਿਤ ਇੱਕ ਵਿਸ਼ੇਸ਼ ਸਮਾਰੋਹ ਵਿੱਚ ਮਾਰੀਸ਼ਸ ਵਿੱਚ ਭਾਰਤੀ ਸਮੁਦਾਇ ਅਤੇ ਭਾਰਤ ਦੇ ਮਿੱਤਰਾਂ ਦੀ ਸਭਾ ਨੂੰ ਸੰਬੋਧਿਤ ਕੀਤਾ। ਸਮਾਰੋਹ ਵਿੱਚ ਵਿਦਿਆਰਥੀਆਂ, ਪੇਸ਼ੇਵਰਾਂ, ਸਮਾਜਿਕ-ਸੱਭਿਆਚਾਰਕ ਸੰਗਠਨਾਂ ਅਤੇ ਵਪਾਰਕ ਲੀਡਰਾਂ ਸਮੇਤ ਭਾਰਤੀ ਪ੍ਰਵਾਸੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਦੇਖੀ ਗਈ। ਇਸ ਵਿੱਚ ਕਈ ਮੰਤਰੀਆਂ, ਸੰਸਦ ਸਦੱਸਾਂ ਅਤੇ ਮਾਰੀਸ਼ਸ ਦੇ ਹੋਰ ਪਤਵੰਤੇ ਲੋਕਾਂ ਨੇ ਵੀ ਹਿੱਸਾ ਲਿਆ।

2. ਸਮਾਰੋਹ ਵਿਖੇ ਪ੍ਰਧਾਨ ਮੰਤਰੀ ਮੋਦੀ ਦਾ ਸਵਾਗਤ ਕਰਦੇ ਹੋਏ, ਪ੍ਰਧਾਨ ਮੰਤਰੀ ਰਾਮਗੁਲਾਮ ਨੇ ਐਲਾਨ ਕੀਤਾ ਕਿ ਮਾਰੀਸ਼ਸ ਰਾਸ਼ਟਰੀ ਦਿਵਸ ਸਮਾਰੋਹ ਦੌਰਾਨ ਭਾਰਤ ਦੇ ਪ੍ਰਧਾਨ ਮੰਤਰੀ ਨੂੰ 'ਗ੍ਰੈਂਡ ਕਮਾਂਡਰ ਔਫ ਦ ਆਰਡਰ ਔਫ ਦ ਸਟਾਰ ਅਤੇ ਕੀ ਔਫ ਦ ਇੰਡੀਅਨ ਓਸ਼ੀਅਨ (G.C.S.K.)' ਦਾ ਸਭ ਤੋਂ ਵੱਡਾ ਨਾਗਰਿਕ ਪੁਰਸਕਾਰ ਪ੍ਰਦਾਨ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਇਸ ਅਸਾਧਾਰਣ ਸਨਮਾਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

3. ਆਪਣੇ ਸੰਬੋਧਨ ਵਿੱਚ, ਪ੍ਰਧਾਨ ਮੰਤਰੀ ਨੇ ਮਾਰੀਸ਼ਸ ਦੇ ਪ੍ਰਧਾਨ ਮੰਤਰੀ ਨੂੰ ਉਨ੍ਹਾਂ ਦੀ ਗਰਮਜੋਸ਼ੀ ਅਤੇ ਮਿੱਤਰਤਾ ਅਤੇ ਦੋਵਾਂ ਦੇਸ਼ਾਂ ਦਰਮਿਆਨ ਜੀਵੰਤ ਅਤੇ ਵਿਸ਼ੇਸ਼ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਧੰਨਵਾਦ ਕੀਤਾ। ਇੱਕ ਵਿਸ਼ੇਸ਼ ਭਾਵ ਵਿੱਚ, ਉਨ੍ਹਾਂ ਨੇ ਪ੍ਰਧਾਨ ਮੰਤਰੀ ਰਾਮਗੁਲਾਮ ਅਤੇ ਉਨ੍ਹਾਂ ਦੀ ਪਤਨੀ ਸ਼੍ਰੀਮਤੀ ਵੀਣਾ ਰਾਮਗੁਲਾਮ ਨੂੰ OCI ਕਾਰਡ ਸੌਂਪੇ। ਮਾਰੀਸ਼ਸ ਦੇ ਲੋਕਾਂ ਨੂੰ ਉਨ੍ਹਾਂ ਦੇ ਰਾਸ਼ਟਰੀ ਦਿਵਸ ਦੇ ਮੌਕੇ 'ਤੇ ਵਧਾਈ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਦੋਵਾਂ ਦੇਸ਼ਾਂ ਦੀ ਸਾਂਝੀ ਇਤਿਹਾਸਕ ਯਾਤਰਾ ਨੂੰ ਯਾਦ ਕੀਤਾ। ਉਨ੍ਹਾਂ ਨੇ ਸਰ ਸ਼ਿਵਸਾਗਰ ਰਾਮਗੁਲਾਮ, ਸਰ ਅਨਿਰੁੱਧ ਜਗਨਨਾਥ, ਮਣੀਲਾਲ ਡਾਕਟਰ ਅਤੇ ਹੋਰਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਜਿਨ੍ਹਾਂ ਨੇ ਮਾਰੀਸ਼ਸ ਦੀ ਸੁਤੰਤਰਤਾ ਲਈ ਲੜਾਈ ਲੜੀ ਸੀ ਅਤੇ ਕਿਹਾ ਕਿ ਉਨ੍ਹਾਂ ਲਈ ਮੁੱਖ ਮਹਿਮਾਨ ਵਜੋਂ ਮਾਰੀਸ਼ਸ ਦੇ ਰਾਸ਼ਟਰੀ ਦਿਵਸ ਸਮਾਰੋਹ ਵਿੱਚ ਹਿੱਸਾ ਲੈਣਾ ਇੱਕ ਸਨਮਾਨ ਦੀ ਗੱਲ ਹੈ। ਦੋਵਾਂ ਦੇਸ਼ਾਂ ਦੇ ਲੋਕਾਂ ਵਿਚਕਾਰ ਦੇ ਗਹਿਰੇ ਸਬੰਧਾਂ ਦੀ ਨੀਂਹ ਰੱਖਣ ਵਾਲੀ ਸਾਂਝੀ ਵਿਰਾਸਤ ਅਤੇ ਪਰਿਵਾਰਕ ਸਬੰਧਾਂ ‘ਤੇ ਚਾਨਣਾ ਪਾਉਂਦੇ ਹੋਏ ਪ੍ਰਧਾਨ ਮੰਤਰੀ ਨੇ ਮਾਰੀਸ਼ਸ ਵਿੱਚ ਭਾਰਤੀ ਮੂਲ ਦੇ ਸਮੁਦਾਇ ਵਲੋਂ ਆਪਣੀਆਂ ਸੱਭਿਆਚਾਰਕ ਜੜ੍ਹਾਂ ਨੂੰ ਸੰਭਾਲਣ ਅਤੇ ਪਾਲਣ-ਪੋਸ਼ਣ ਕਰਨ ਦੀ ਸ਼ਲਾਘਾ ਕੀਤੀ। ਇਨ੍ਹਾਂ ਆਪਸੀ ਸੰਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਲਈ ਮਾਰੀਸ਼ਸ ਦੇ ਲਈ ਇੱਕ ਵਿਸ਼ੇਸ਼ ਵਿਵਸਥਾ ਕੀਤੀ ਗਈ ਹੈ, ਜਿਸ ਦੇ ਤਹਿਤ ਮਾਰੀਸ਼ਸ ਵਿੱਚ ਭਾਰਤੀ ਮੂਲ ਦੇ ਸੱਤਵੀਂ ਪੀੜ੍ਹੀ ਤੱਕ ਦੇ ਲੋਕਾਂ ਨੂੰ OCI ਕਾਰਡ ਉਪਲਬਧ ਕਰਵਾਏ ਜਾ ਸਕਦੇ ਹਨ। ਪ੍ਰਧਾਨ ਮੰਤਰੀ ਨੇ ਇਸ ਗੱਲ'ਤੇ ਜ਼ੋਰ ਦਿੱਤਾ ਕਿ ਭਾਰਤ ਗਿਰਮਿਟਿਆ ਵਿਰਾਸਤ ਦਾ ਪਾਲਣ-ਪੋਸ਼ਣ ਕਰਨ ਦੇ ਲਈ ਕਈ ਪਹਿਲਕਦਮੀਆਂ ਦਾ ਸਮਰਥਨ ਕਰੇਗਾ।

4. ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਨੂੰ ਮਾਰੀਸ਼ਸ ਦਾ ਇੱਕ ਕਰੀਬੀ ਵਿਕਾਸ ਸਾਂਝੇਦਾਰ ਹੋਣ ਦਾ ਸਨਮਾਨ ਮਿਲਿਆ ਹੈ। ਉਨ੍ਹਾਂ ਅੱਗੇ ਵਿਸਥਾਰ ਨਾਲ ਦੱਸਿਆ ਕਿ ਭਾਰਤ- ਮਾਰੀਸ਼ਸ ਦੇ ਵਿਸ਼ੇਸ਼ ਸੰਬੰਧਾਂ ਨੇ ਭਾਰਤ ਦੇ ਸਾਗਰ ਵਿਜ਼ਨ ਅਤੇ ਗਲੋਬਲ ਸਾਊਥ ਦੇ ਨਾਲ ਇਸ ਦੀ ਸ਼ਮੂਲੀਅਤ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਜਲਵਾਯੂ ਪਰਿਵਰਤਨ ਦੀਆਂ ਸਾਂਝੀਆਂ ਚੁਣੌਤੀਆਂ ਨਾਲ ਨਜਿੱਠਣ ਬਾਰੇ ਗੱਲ ਕਰਦੇ ਹੋਏ ਉਨ੍ਹਾਂ ਨੇ ਅੰਤਰਰਾਸ਼ਟਰੀ ਸੌਰ

ਗਠਜੋੜ ਅਤੇ ਗਲੋਬਲ ਬਾਇਓਫਿਊਲ ਅਲਾਇੰਸ ਪਹਿਲਕਦਮੀਆਂ ਵਿੱਚ ਮਾਰੀਸ਼ਸ ਦੀ ਸਾਂਝੇਦਾਰੀ ਦੀ ਸ਼ਲਾਘਾ ਕੀਤੀ। ਇਸ ਸੰਦਰਭ ਵਿੱਚ, ਪ੍ਰਧਾਨ ਮੰਤਰੀ ਨੇ ਏਕ ਪੇੜ ਮਾਂ ਕੇ ਨਾਮ (Plant4Mother) ਪਹਿਲ 'ਤੇ ਵੀ ਚਾਨਣਾ ਪਾਇਆ ਜਿਸ ਦੇ ਤਹਿਤ ਉਨ੍ਹਾਂ ਨੇ ਪਹਿਲਾਂ ਦਿਨ ਵੇਲੇ ਇਤਿਹਾਸਕ ਸਰ ਸ਼ਿਵਸਾਗਰ ਰਾਮਗੁਲਾਮ ਬੋਟੈਨਿਕ ਗਾਰਡਨ ਵਿੱਚ ਇੱਕ ਪੌਦਾ ਲਗਾਇਆ। ਪ੍ਰਧਾਨ ਮੰਤਰੀ ਦਾ ਪੂਰਾ ਸੰਬੋਧਨ ਇੱਥੇ ਦੇਖਿਆ ਜਾ ਸਕਦਾ ਹੈ।

5. ਇਸ ਸਮਾਰੋਹ ਵਿੱਚ ਇੱਕ ਆਕਰਸ਼ਕ ਸੱਭਿਆਚਾਰ ਪ੍ਰੋਗਰਾਮ ਵੀ ਸ਼ਾਮਲ ਸੀ, ਜਿਸ ਵਿੱਚ ਇੰਦਰਾ ਗਾਂਧੀ ਸੈਂਟਰ ਫਾਰ ਇੰਡੀਅਨ ਕਲਚਰ (IGCIC), ਮਹਾਤਮਾ ਗਾਂਧੀ ਇੰਸਟੀਚਿਊਟ (MGI) ਅਤੇ ਅੰਨਾ ਮੈਡੀਕਲ ਕਾਲਜ ਦੇ ਕਲਾਕਾਰਾਂ ਨੇ ਪੇਸ਼ਕਾਰੀ ਦਿੱਤੀ।

ਪੋਰਟ ਲੁਇਸ

11 ਮਾਰਚ, 2025